# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 13-10-2024**

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਅੱਜ ਸਵੇਰੇ ਅਲਜੀਰੀਆ, ਮੌਰੀਟੇਨੀਆ ਅਤੇ ਮਲਾਵੀ ਦੇ ਤਿੰਨ ਦੇਸ਼ਾਂ ਦੇ ਦੌਰੇ ਲਈ ਰਵਾਨਾ ਹੋਏ। ਭਾਰਤ ਦੇ ਰਾਸ਼ਟਰਪਤੀ ਦੀ ਤਿੰਨ ਅਫਰੀਕੀ ਦੇਸ਼ਾਂ ਦੀ ਇਹ ਪਹਿਲੀ ਯਾਤਰਾ ਹੋਵੇਗੀ। ਇਹ ਇਤਿਹਾਸਕ ਦੌਰਾ ਭਾਰਤ ਦੀ ਪ੍ਰਧਾਨਗੀ ਦੌਰਾਨ, ਅਫਰੀਕੀ ਸੰਘ ਨੂੰ ਜੀ-20 ਦਾ ਸਥਾਈ ਮੈਂਬਰ ਬਣਾਏ ਜਾਣ ਤੋਂ ਇਕ ਸਾਲ ਬਾਅਦ ਹੋ ਰਿਹਾ ਏ। ਆਪਣੇ ਹਫ਼ਤੇ ਭਰ ਦੇ ਦੌਰੇ ਦੌਰਾਨ, ਰਾਸ਼ਟਰਪਤੀ ਦ੍ਰੋਪਦੀ ਮੁਰਮੂ ਦੁਵੱਲੀਆਂ ਮੀਟਿੰਗਾਂ ਕਰਨਗੇ ਅਤੇ ਪ੍ਰਵਾਸੀਆਂ ਭਾਰਤੀ ਨਾਲ

ਗੱਲਬਾਤ ਵੀ ਕਰਨਗੇ । ਦੌਰੇ ਦੇ ਪਹਿਲੇ ਪੜਾਅ 'ਤੇ, ਰਾਸ਼ਟਰਪਤੀ ਦ੍ਰੋਪਦੀ ਮੁਰਮੂ ਅੱਜ ਤੋਂ 15 ਅਕਤੂਬਰ ਤੱਕ ਅਲਜੀਰੀਆ ਦਾ ਦੌਰਾ ਕਰਨਗੇ । ਦੌਰੇ ਦੌਰਾਨ, ਰਾਸ਼ਟਰਪਤੀ ਆਪਣੇ ਹਮਰੁਤਬਾ ਅਬਦੇਲ-ਮਦ-ਜਿਦ ਟੈਬੌਨ ਨਾਲ ਦੁਵੱਲੀਆਂ ਮੀਟਿੰਗਾਂ ਕਰਨਗੇ । ਦੌਰੇ ਦੇ ਦੂਜੇ ਪੜਾਅ 'ਤੇ, ਰਾਸ਼ਟਰਪਤੀ ਦ੍ਰੋਪਦੀ ਮੁਰਮੂ 16 ਅਕਤੂਬਰ ਨੂੰ ਮੌਰੀਟੇਨੀਆ ਦਾ ਦੌਰਾ ਕਰਨਗੇ। ਦੌਰੇ ਦੇ ਆਖਰੀ ਗੇੜ 'ਤੇ ਰਾਸ਼ਟਰਪਤੀ ਦ੍ਰੋਪਦੀ ਮੁਰਮੂ 17 ਤੋਂ 19 ਅਕਤੂਬਰ ਤੱਕ ਮਲਾਵੀ ਦਾ ਦੌਰਾ ਕਰਨਗੇ।

---------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਪ੍ਰਧਾਨ ਮੰਤਰੀ ਗਤੀ ਸ਼ਕਤੀ ਰਾਸ਼ਟਰੀ ਮਾਸਟਰ ਪਲਾਨ ਦੇ ਤਿੰਨ ਸਾਲ ਪੂਰੇ ਹੋਣ ਦੀ ਸ਼ਲਾਘਾ

ਕਰਦੇ ਹੋਏ ਕਿਹੈ ਕਿ ਇਹ ਪਹਿਲਕਦਮੀ , ਭਾਰਤ ਦੇ ਬੁਨਿਆਦੀ ਢਾਂਚੇ ਵਿੱਚ ਕ੍ਰਾਂਤੀ ਲਿਆਉਣ ਲਈ ਇੱਕ ਤਬਦੀਲੀ ਦੇ ਰੂਪ ਵਿੱਚ ਉਭਰੀ ਏ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਸ੍ਰੀ ਮੋਦੀ ਨੇ ਕਿਹਾ ਕਿ ਗਤੀ ਸ਼ਕਤੀ ਨੇ ਕਈ ਖੇਤਰਾਂ ਵਿੱਚ ਤੇਜ਼ੀ ਨਾਲ ਅਤੇ ਵਧੇਰੇ ਕੁਸ਼ਲ ਵਿਕਾਸ ਕਰਦੇ ਹੋਏ ਮਲਟੀਮੋਡਲ ਕਨੈਕਟੀਵਿਟੀ ਵਿੱਚ ਮਹੱਤਵਪੂਰਨ ਵਾਧਾ ਕੀਤਾ ਏ । ਉਨ੍ਹਾਂ ਕਿਹਾ ਕਿ ਵੱਖ-ਵੱਖ ਹਿੱਸੇਦਾਰਾਂ ਦੇ ਸਹਿਜ ਏਕੀਕਰਨ ਨੇ ਲੌਜਿਸਟਿਕਸ ਨੂੰ ਉਤਸ਼ਾਹ ਦੇਣ, ਦੇਰੀ ਨੂੰ ਘਟਾਉਣ ਅਤੇ ਕਈ ਲੋਕਾਂ ਲਈ ਨਵੇਂ ਮੌਕੇ ਪੈਦਾ ਕਰਨ ਲਈ ਅਗਵਾਈ ਕੀਤੀ ਏ । ਪ੍ਰਧਾਨ ਮੰਤਰੀ ਨੇ ਇਹ ਵੀ ਕਿਹਾ ਕਿ ਗਤੀ ਸ਼ਕਤੀ ਨਾਲ ਦੇਸ਼ ਵਿਕਸ਼ਿਤ ਭਾਰਤ ਦੇ

ਵਿਜ਼ਨ ਨੂੰ ਪੂਰਾ ਕਰਨ ਲਈ ਗਤੀ ਵਧਾ ਰਿਹਾ ਏ ਅਤੇ ਇਹ ਤਰੱਕੀ , ਉੱਦਮਤਾ ਅਤੇ ਨਵੀਨਤਾ ਨੂੰ ਉਤਸ਼ਾਹਿਤ ਕਰੇਗਾ।

---------------------------------------------

ਪੰਜਾਬ ਦੇ ਮੁੱਖ ਸਕੱਤਰ ਕੇ.ਏ.ਪੀ. ਸਿਨਹਾ ਨੇ ਅੱਜ ਅੰਮ੍ਰਿਤਸਰ ਵਿਖੇ ਸ੍ਰੀ ਦਰਬਾਰ ਸਾਹਿਬ ਤੇ ਦੁਰਗਿਆਣਾ ਮੰਦਿਰ ਵਿਖੇ ਮੱਥਾ ਟੇਕਿਆ । ਸ੍ਰੀ ਦਰਬਾਰ ਸਾਹਿਬ ਵਿਖੇ ਅਕੀਦਤ ਭੇਂਟ ਕਰਨ ਉਪਰੰਤ ਮੁੱਖ ਸਕੱਤਰ ਨੇ ਪਵਿੱਤਰ ਅਸਥਾਨ ਦੁਆਲੇ ਪਰਿਕਰਮਾ ਕੀਤੀ ਅਤੇ ਰੱਬੀ ਬਾਣੀ ਦਾ ਇਲਾਹੀ ਕੀਰਤਨ ਸਰਵਣ ਕੀਤਾ । ਉਨ੍ਹਾਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਸੂਚਨਾ ਦਫ਼ਤਰ ਵਿਖੇ ਸਨਮਾਨਤ ਕੀਤਾ ਗਿਆ । ਦੁਰਗਿਆਣਾ ਮੰਦਿਰ ਵਿਖੇ ਨਤਮਸਤਕ ਹੋਣ ਉਪਰੰਤ ਮੰਦਿਰ ਕਮੇਟੀ ਵੱਲੋਂ ਵੀ ਮੁੱਖ ਸਕੱਤਰ

ਨੂੰ ਸਨਮਾਨਤ ਕੀਤਾ ਗਿਆ। ਮੁੱਖ ਸਕੱਤਰ ਸਿਨਹਾ ਨੇ ਕਿਹਾ ਕਿ ਨਵੇਂ ਅਹੁਦੇ ਦੀ ਜ਼ਿੰਮੇਵਾਰੀ ਸੰਭਾਲਣ ਤੋਂ ਬਾਅਦ ਉਹ ਸ਼ੁਕਰਾਨੇ ਅਤੇ ਸੂਬਾ ਵਾਸੀਆਂ ਦੀ ਸੇਵਾਵਾਂ ਕਰਨ ਲਈ ਗੁਰੂ ਘਰ ਤੋਂ ਆਸ਼ੀਰਵਾਦ ਲੈਣ ਆਏ ਨੇ। ਉਨ੍ਹਾਂ ਕਿਹਾ ਕਿ ਉਨ੍ਹਾਂ ਪ੍ਰਮਾਤਮਾ ਤੋਂ ਆਸ਼ੀਰਵਾਦ ਲਿਆ ਕਿ ਉਹ ਪੰਜਾਬ ਦੇ ਲੋਕਾਂ ਦੀ ਇਮਾਨਦਾਰੀ ਅਤੇ ਸਮਰਪਣ ਭਾਵਨਾ ਨਾਲ ਸੇਵਾ ਕਰ ਸਕਣ ।

---------------------------------------------------------

ਸੰਯੁਕਤ ਕਿਸਾਨ ਮੋਰਚਾ ਦੇ ਸੱਦੇ 'ਤੇ ਅੱਜ ਮੁੱਖ ਸੜਕਾਂ ਬੰਦ ਕਰਨ ਦਾ ਅਸਰ ਮੁਹਾਲੀ ਜ਼ਿਲ੍ਹੇ ਦੇ ਵੱਖ-ਵੱਖ ਇਲਾਕਿਆਂ ਵਿੱਚ ਤੇ ਖਾਸਕਰ ਹਰਿਆਣਾ ਦੇ ਅੰਬਾਲਾ ਨਾਲ ਸਰਹੱਦ ਤੇ ਪੈਂਦੇ ਕਸਬੇ ਲਾਲੜੂ ਤੇ ਡੇਰਾਬੱਸੀ ਇਲਾਕੇ ਵਿੱਚ ਵੀ ਦੇਖਣ ਨੂੰ ਮਿਲਿਆ ।

ਓਧਰ ਪਿੰਡ ਭਾਗੋਮਾਜਰਾ ਸਥਿਤ ਟੋਲ ਪਲਾਜੇ ’ਤੇ ਧਰਨਾ ਲਾਈ ਬੈਠੇ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਨੇਤਾਵਾਂ ਅਤੇ ਕਾਰਜਕਰਤਾਵਾਂ ਨੇ ਸਰਕਾਰ ਖਿਲਾਫ਼ ਰੋਸ ਪ੍ਰਦਰਸ਼ਨ ਕੀਤਾ ਅਤੇ ਨਾਅਰੇਬਾਜ਼ੀ ਕੀਤੀ । ਇਸ ਮੌਕੇ ਲੱਖੋਵਾਲ ਯੂਨੀਅਨ ਦੇ ਮੁਹਾਲੀ ਜ਼ਿਲ੍ਹਾ ਪ੍ਧਾਨ ਦਵਿੰਦਰ ਸਿੰਘ ਦੇਹਕਲਾਂ ਤੇ ਜਨਰਲ ਸਕੱਤਰ ਜਸਪਾਲ ਸਿੰਘ ਨਿਆਂਮੀਆਂ ਨੇ ਕਿਹਾ ਕਿ ਪਹਿਲੀ ਅਕਤੂਬਰ ਤੋਂ ਰਿਵਾਇਤੀ ਤੌਰ ’ਤੇ ਝੋਨੇ ਦੀ ਖਰੀਦ ਸ਼ੁਰੂ ਕਰਨ ਵਿਚ ਸਰਕਾਰ ਨਾਕਾਮ ਰਹੀ ਏ । ਟੋਲ ਪਲਾਜਾ ’ਤੇ ਧਰਨੇ **ਕਾਰਨ ਆਮ ਲੋਕ ਪਰੇਸ਼ਾਨ ਹੁੰਦੇ ਰਹੇ ।**

---------------------------------------------------------

ਸ੍ਰੀ ਮੁਕਤਸਰ ਸਾਹਿਬ ਵਿਖੇ ਅਨਾਜ ਮੰਡੀ ਪੰਨੀਵਾਲਾ ਵਿਖੇ ਝੋਨੇ

ਦੀ ਖਰੀਦ ਦੀ ਸ਼ੁਰੂਆਤ  ਕਰਦਿਆਂ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕਿਹੈ ਕਿ ਪੰਜਾਬ ਸਰਕਾਰ ਵਲੋਂ ਅਨਾਜ ਮੰਡੀਆਂ ਵਿੱਚ ਝੋਨੇ ਦੀ ਫਸਲ ਖਰੀਦਣ ਲਈ ਸਾਰੇ ਪੁਖਤਾ ਪ੍ਰਬੰਧ ਮੰਡੀ ਬੋਰਡ ਵਲੋਂ ਕਰ ਲਏ ਗਏ ਨੇ । ਜ਼ਿਲ੍ਹੇ ਦੀਆਂ ਖਰੀਦ ਏਜੰਸੀਆਂ ਵਲੋਂ ਹੁਣ ਤੱਕ 1280 ਮੀਟਰਕ ਟਨ ਝੋਨੇ ਦੀ ਖਰੀਦ ਕੀਤੀ ਜਾ ਚੁੱਕੀ ਏ।

---------------------------------------------------------

ਫਰੀਦਕੋਟ ਦੇ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਤੇ ਡਿਪਟੀ ਕਮਿਸ਼ਨਰ ਵਿਨੀਤ ਕੁਮਾਰ ਨੇ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਨਾਲ ਵੱਖ-ਵੱਖ ਮੰਡੀਆਂ ਦਾ ਦੌਰਾ ਕਰ ਕੇ ਖਰੀਦ ਪ੍ਰਬੰਧਾਂ ਦਾ ਜਾਇਜਾ ਲਿਆ। ਇਸ ਮੌਕੇ ਵਿਧਾਇਕ ਸੇਖੋਂ ਨੇ ਕਿਹਾ

ਕਿ ਮੰਡੀਆਂ 'ਚ ਖ਼ਰੀਦ ਸੁਚਾਰੂ ਢੰਗ ਨਾਲ ਚੱਲ ਰਹੀ ਏ ਤੇ ਕਿਸਾਨਾਂ ਨੂੰ ਮੰਡੀਆਂ ਵਿੱਚ ਕੋਈ ਮੁਸ਼ਕਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ । ਆਉਣ ਵਾਲੇ ਦਿਨਾਂ ਦੌਰਾਨ ਮੰਡੀਆਂ ’ਚ ਝੋਨੇ ਦੀ ਆਮਦ ਤੇਜ਼ੀ ਨਾਲ ਹੋਵੇਗੀ , ਇਸ ਲਈ ਹੁਣ ਖ਼ਰੀਦੇ ਗਏ ਝੋਨੇ ਦੀ ਲਿਫ਼ਟਿੰਗ ਵੀ ਨਾਲੋ ਨਾਲ ਕੀਤੀ ਜਾਵੇਗੀ ਤਾਂ ਜੋ ਮੰਡੀਆਂ 'ਚ ਕਿਸਾਨਾਂ ਨੂੰ ਜਗ੍ਹਾ ਦੀ ਸਮੱਸਿਆ ਦਾ ਸਾਹਮਣਾ ਵੀ ਨਾ ਕਰਨਾ ਪਵੇ । ਡਿਪਟੀ ਕਮਿਸ਼ਨਰ ਵਿਨੀਤ ਕੁਮਾਰ ਨੇ ਦੱਸਿਆ ਕਿ ਫਰੀਦਕੋਟ ਵਿਖੇ ਕੁੱਲ 68 ਖਰੀਦ ਕੇਂਦਰ ਸਥਾਪਿਤ ਕੀਤੇ ਗਏ ਨੇ । ਉਨ੍ਹਾਂ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਤੇ ਆੜ੍ਹਤੀਆਂ ਨੂੰ ਹਦਾਇਤ ਕੀਤੀ ਕਿ ਮੰਡੀ ਵਿੱਚ ਆਏ ਝੋਨੇ ਦੀ ਨਾਲੋ ਨਾਲ ਖ਼ਰੀਦ ਕਰਨੀ ਯਕੀਨੀ ਬਣਾਉਣ ਤੇ ਮੰਡੀ 'ਚ ਆਏ

ਝੋਨੇ ਦੀ ਪੱਖਾ ਲਗਾਉਣ ਉਪਰੰਤ ਤੁਰੰਤ ਖ਼ਰੀਦ ਕੀਤੀ ਜਾਵੇ। ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਲਈ ਇੰਨ ਸੀਟੂ ਤਕਨੀਕਾਂ ਅਪਣਾਉਣ ਦਾ ਸੱਦਾ ਦਿੰਦਿਆਂ ਕਿਹਾ ਕਿ ਕਿਸਾਨ ਨਵੀਨਤਮ ਤਕਨੀਕਾਂ ਦੀ ਵਰਤੋਂ ਕਰ ਕੇ ਪਰਾਲੀ ਨੂੰ ਆਸਾਨੀ ਨਾਲ ਖੇਤਾਂ ਵਿੱਚ ਹੀ ਮਿਲਾ ਸਕਦੇ ਨੇ।

---------------------------------------------------------

ਬਟਾਲਾ ਦੇ ਡਿਪਟੀ ਕਮਿਸ਼ਨਰ ਉਮਾ ਸ਼ੰਕਰ ਗੁਪਤਾ ਦੀ ਅਗਵਾਈ ਹੇਠ ਪਰਾਲੀ ਨਾ ਸਾੜਨ ਦਾ ਹੋਕਾ ਦੇਣ ਲਈ ਜਾਗਰੂਕਤਾ ਵੈਨਾਂ ਚਲਾਈਆਂ ਗਈਆਂ ਨੇ। ਗੁਰਦਾਸਪੁਰ ਦੇ ਵਧੀਕ ਡਿਪਟੀ ਕਮਿਸ਼ਨਰ ਸੁਰਿੰਦਰ ਸਿੰਘ ਨੇ ਦੱਸਿਆ ਕਿ ਪਰਾਲੀ ਨੂੰ ਬਿਨਾਂ ਅੱਗ ਲਗਾਏ ਇਸ ਦੇ ਸੁਚੱਜੇ ਪ੍ਰਬੰਧਨ ਲਈ

ਕਿਸਾਨਾਂ ਨੂੰ ਜਾਗਰੂਕ ਕਰਨ, ਕਿਸਾਨਾਂ ਨੂੰ ਮਸ਼ੀਨਰੀ ਸਬੰਧੀ ਜਾਣਕਾਰੀ ਦੇਣ ਲਈ ਅਤੇ ਫ਼ਸਲਾਂ ਦੀ ਰਹਿੰਦ-ਖੂੰਹਦ ਸਾੜਨ ਦੇ ਰੁਝਾਨ ਨੂੰ ਜ਼ਮੀਨੀ ਪੱਧਰ ’ਤੇ ਠੱਲ੍ਹ ਪਾਉਣ ਲਈ ਹਾਟ ਸਪਾਟ ਪਿੰਡਾਂ ਵਿੱਚ ਕਿਸਾਨਾਂ ਨੂੰ ਜਾਗਰੂਕ ਕਰਨ ਲਈ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵੱਲੋਂ ਤਿਆਰ ਕੀਤੀਆਂ ਤਿੰਨ ਜਾਗਰੂਕਤਾ ਵੈਨਾਂ ਚੱਲ ਰਹੀਆਂ ਨੇ । ਇਹ ਵੈਨਾਂ ਬਲਾਕਾਂ ਬਟਾਲਾ, ਸ੍ਰੀ ਹਰਗੋਬਿੰਦਪੁਰ ਸਾਹਿਬ ਅਤੇ ਫਤਿਹਗੜ੍ਹ ਚੂੜੀਆਂ ਵਿੱਚ ਫ਼ਸਲਾਂ ਦੀ ਰਹਿੰਦ-ਖੂੰਹਦ ਸਾੜਨ ਪੱਖੋਂ ਸੰਵੇਦਨਸ਼ੀਲ ਖੇਤਰਾਂ (ਹਾਟ ਸਪਾਟਸ) ਦਾ ਦੌਰਾ ਕਰ ਰਹੀਆਂ ਨੇ।

---------------------------------------------------

ਔਰਤਾਂ ਦੇ TWENTY -20 ਕ੍ਰਿਕਟ ਵਿਸ਼ਵ ਕੱਪ ਵਿੱਚ ਅੱਜ

ਸ਼ਾਮ ਸ਼ਾਰਜਾਹ ਦੇ ਸ਼ਾਰਜਾਹ ਕ੍ਰਿਕਟ ਸਟੇਡੀਅਮ, ਵਿੱਚ ਗਰੁੱਪ-ਏ ਦੇ ਮੈਚ ਵਿੱਚ ਭਾਰਤ ਦਾ ਮੁਕਾਬਲਾ ਆਸਟਰੇਲੀਆ ਨਾਲ ਹੋਵੇਗਾ। ਮੈਚ ਭਾਰਤੀ ਸਮੇਂ ਅਨੁਸਾਰ ਸ਼ਾਮ ਸਾਢੇ 7 ਵਜੇ ਸ਼ੁਰੂ ਹੋਵੇਗਾ। ਗਰੁੱਪ ਬੀ ਦੇ ਇੱਕ ਹੋਰ ਮੈਚ ਵਿੱਚ ਅੱਜ ਇੰਗਲੈਂਡ ਦੀ ਟੀਮ ਸ਼ਾਰਜਾਹ ਵਿੱਚ ਸਕਾਟਲੈਂਡ ਖਿਲਾਫ਼ ਖੇਡੇਗੀ. ਮੈਚ ਭਾਰਤੀ ਸਮੇਂ ਅਨੁਸਾਰ ਦੁਪਹਿਰ ਬਾਅਦ ਸਾਢੇ 3 ਵਜੇ ਸ਼ੁਰੂ ਹੋਵੇਗਾ।